# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 01-10-2024**

- ਹਰਿਆਣਾ ਵਿਚ ਚੋਣ ਪ੍ਰਚਾਰ ਸਿਖਰਾਂ 'ਤੇ -ਪ੍ਰਧਾਨ ਮੰਤਰੀ ਅਤੇ BJP ਦੇ ਸੀਨੀਅਰ ਨੇਤਾ ਨਰੇਂਦਰ ਮੋਦੀ ਨੇ ਅੱਜ ਪਲਵਲ ਵਿਖੇ ਚੋਣ ਰੈਲੀ ਨੂੰ ਸੰਬੋਧਨ ਕੀਤਾ ।
- ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਵੱਲੋਂ ਨਾਭਾ ਦੀ ਨਵੀਂ ਜ਼ਿਲ੍ਹਾ ਜੇਲ੍ਹ ਦਾ ਦੌਰਾ।
- ਪੈਂਥਰ ਡਿਵੀਜ਼ਨ ਦੀ ਸਥਾਪਨਾ ਦੇ 6 ਦਹਾਕਿਆਂ ਨੂੰ ਦਰਸਾਉਂਦੇ ਹੋਏ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ।
- ਪੰਜਾਬ ਭਰ ਵਿਚ ਸੱਵਛਤਾ ਹੀ ਸੇਵਾ ਮੁਹਿੰਮ ਸਰਗਰਮੀ ਨਾਲ ਜਾਰੀ।

---

ਹਰਿਆਣਾ ਦੀਆਂ 90 ਵਿਧਾਨ ਸਭਾ ਸੀਟਾਂ ਲਈ ਚੋਣ ਪ੍ਰਚਾਰ ਸਿਖਰਾਂ 'ਤੇ ਏ। ਵੱਡੀਆਂ ਸਿਆਸੀ ਪਾਰਟੀਆਂ ਦੇ ਆਗੂ ਜਨਤਕ ਮੀਟਿੰਗਾਂ ਕਰ

ਰਹੇ ਨੇ ।ਪ੍ਰਧਾਨ ਮੰਤਰੀ ਅਤੇ BJP ਦੇ ਸੀਨੀਅਰ ਨੇਤਾ ਨਰੇਂਦਰ ਮੋਦੀ ਨੇ ਅੱਜ ਹਰਿਆਣਾ ਦੇ ਪਲਵਲ ਵਿਖੇ ਚੋਣ ਰੈਲੀ ਨੂੰ ਸੰਬੋਧਨ ਕੀਤਾ । ਉਨ੍ਹਾਂ ਨੇ ਹਰਿਆਣਾ ਵਿਧਾਨ ਸਭਾ ਚੋਣਾਂ ਵਿੱਚ BJP ਉਮੀਦਵਾਰਾਂ ਦੇ ਸਮਰਥਨ ਵਿੱਚ ਲੋਕਾਂ ਨੂੰ ਵੋਟ ਪਾਉਣ ਦੀ ਅਪੀਲ ਕੀਤੀ ।ਇਸ ਰੈਲੀਵਿਚ ਪਾਰਟੀ ਆਗੂ ਅਤੇ BJP ਉਮੀਦਵਾਰ ਵੀ ਮੌਜੂਦ ਸਨ।ਪ੍ਰਧਾਨ ਮੰਤਰੀ ਮੋਦੀ ਨੇ ਆਪਣੇ ਸੰਬੋਧਨ ਵਿੱਚ BJP ਸਰਕਾਰ ਵੱਲੋਂ ਪਿਛਲੇ ਪੰਜ ਸਾਲਾਂ ਵਿੱਚ ਕੀਤੇ ਵਿਕਾਸ ਕਾਰਜਾਂ ’ਤੇ ਜ਼ੋਰ ਦਿੱਤਾ। ਉਨ੍ਹਾਂ ਦੱਸਿਆ ਕਿ ਕਿਸ ਤਰ੍ਹਾਂ ਕੇਂਦਰ ਅਤੇ ਸੂਬਾਈ BJP ਸਰਕਾਰਾਂ ਨੇ ਮਿਲ ਕੇ ਕਿਸਾਨਾਂ, ਨੌਜਵਾਨਾਂ, ਔਰਤਾਂ ਅਤੇ ਸਮਾਜ ਦੇ ਪੱਛੜੇ ਵਰਗਾਂ ਲਈ ਕਈ ਯੋਜਨਾਵਾਂ ਚਲਾਈਆਂ ਜਿਨ੍ਹਾਂ ਦਾ ਸਿੱਧਾ ਲਾਭ ਸੂਬੇ ਦੇ ਲੋਕਾਂ ਨੂੰ ਮਿਲਿਆ ਏ ।ਓਧਰ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਅਤੇ ਕਾਂਗਰਸ ਦੇ ਸੀਨੀਅਰ ਨੇਤਾ ਰਾਹੁਲ ਗਾਂਧੀ ਨੇ 'ਹਰਿਆਣਾ ਵਿਜੇ ਸੰਕਲਪ ਯਾਤਰਾ' ਦੀ ਸ਼ੁਰੂਆਤ ਕੀਤੀ।ਸੂਬੇ ਵਿੱਚ 5 ਅਕਤੂਬਰ ਨੂੰ ਇੱਕੋ ਗੇੜ ਵਿੱਚ ਵੋਟਾਂ ਪੈਣਗੀਆਂ। ਹਰਿਆਣਾ ਅਤੇ ਜੰਮੂ-ਕਸ਼ਮੀਰ ਵਿੱਚ ਵੋਟਾਂ ਦੀ ਗਿਣਤੀ 8 ਅਕਤੂਬਰ ਨੂੰ ਹੋਵੇਗੀ ।

----------------------------------------------------

ਜੰਮੂ-ਕਸ਼ਮੀਰ 'ਚ ਵਿਧਾਨ ਸਭਾ ਚੋਣਾਂ ਦੇ ਤੀਜੇ ਅਤੇ ਆਖਰੀ ਗੇੜ ਲਈ ਸ਼ਾਮ  5ਵਜੇ ਤੱਕ 55.73 ਫੀਸਦੀ ਤੋਂ ਵੱਧ ਵੋਟਿੰਗ ਦਰਜ ਕੀਤੀ ਗਈ ਏ । ਸੱਤ ਜ਼ਿਲ੍ਹਿਆਂ ਦੀਆਂ ਸਾਰੀਆਂ 40 ਵਿਧਾਨ ਸਭਾ ਸੀਟਾਂ ਦੇ 5 ਹਜ਼ਾਰ 600 ਪੋਲਿੰਗ ਸਟੇਸ਼ਨਾਂ 'ਤੇ ਸਖ਼ਤ ਸੁਰੱਖਿਆ ਵਿਚਕਾਰ ਸਵੇਰੇ 7 ਵਜੇ ਵੋਟਿੰਗ ਸ਼ੁਰੂ ਹੋਈ । ਵੋਟਿੰਗ ਵਾਲੇ ਜ਼ਿਲ੍ਹਿਆਂ ਵਿੱਚ ਜੰਮੂ ਖੇਤਰ ਦੇ ਜੰਮੂ, ਕਠੂਆ ਅਤੇ ਸਾਂਬਾ ਅਤੇ ਕਸ਼ਮੀਰ ਘਾਟੀ ਦੇ ਕੁਪਵਾੜਾ, ਬਾਰਾਮੂਲਾ ਅਤੇ ਬਾਂਦੀਪੋਰਾ ਜ਼ਿਲ੍ਹੇ ਸ਼ਾਮਲ ਨੇ । ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਅੱਜ ਨਾਭਾ ਦੀ ਨਵੀਂ ਜ਼ਿਲ੍ਹਾ ਜੇਲ੍ਹ ਦਾ ਦੌਰਾ ਕੀਤਾ । ਓਨਾ ਨੇ ਬੰਦ ਇਮੀਗ੍ਰੇਸ਼ਨ ਤੇ ਕਾਲ ਸੈਂਟਰ 'ਚ ਕੰਮ ਕਰਦੀਆਂ ਰਹੀਆਂ 32 ਲੜਕੀਆਂ ਨਾਲ ਮੁਲਾਕਾਤ ਕੀਤੀ ਅਤੇ ਹੋਰ ਮਹਿਲਾ ਬੰਦੀਆਂ ਦੀਆਂ ਮੁਸ਼ਕਿਲਾਂ ਸੁਣੀਆਂ।ਚੇਅਰਪਰਸਨ ਰਾਜ ਲਾਲੀ ਗਿੱਲ ਨੇ ਇਸ ਦੌਰਾਨ ਜੇਲ ਪ੍ਰਸ਼ਾਸਨ ਤੋਂ ਜੇਲ੍ਹ 'ਚ ਮਹਿਲਾ ਬੰਦੀਆਂ ਤੇ ਉਨ੍ਹਾਂ ਦੇ ਨਾਲ ਰਹਿ ਰਹੇ ਬੱਚਿਆਂ ਦੀ ਗਿਣਤੀ, ਉਨ੍ਹਾਂ ਨੂੰ ਦਰਪੇਸ਼ ਮੁਸ਼ਕਿਲਾਂ ਅਤੇ ਜੇਲ੍ਹ ਮੈਨੁਅਲ ਮੁਤਾਬਕ ਦਿੱਤੀਆਂ ਜਾਂਦੀਆਂ ਸਹੂਲਤਾਂ

ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਜੇਲ੍ਹ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਕਿ ਨਿਯਮਾਂ ਮੁਤਾਬਕ ਸਾਰੇ ਮਹਿਲਾ ਬੰਦੀਆਂ ਨੂੰ ਬਣਦੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾਣ ਅਤੇ ਕਿਸੇ ਮਹਿਲਾ ਬੰਦੀ ਨੂੰ ਕੋਈ ਮੁਸ਼ਕਿਲ ਨਾ ਆਉਣ ਦਿੱਤੀ ਜਾਵੇ। ਰਾਜ ਲਾਲੀ ਗਿੱਲ ਨੇ ਦੱਸਿਆ ਕਿ ਇਹ 32 ਲੜਕੀਆਂ ਪਹਿਲਾਂ ਰੋਪੜ ਜੇਲ੍ਹ ਵਿੱਚ ਬੰਦ ਸਨ ਪਰ ਉਥੇ ਉਨ੍ਹਾਂ ਵੱਲੋਂ ਕੀਤੇ ਗਏ ਦੌਰੇ ਦੌਰਾਨ ਇਨ੍ਹਾਂ ਦੀਆਂ ਮੁਸ਼ਕਿਲਾਂ ਉਨ੍ਹਾਂ ਦੇ ਧਿਆਨ ਵਿੱਚ ਆਈਆਂ ਸਨ ਅਤੇ ਜਿਸ ਮਗਰੋਂ ਇਨ੍ਹਾਂ ਨੂੰ ਨਾਭਾ ਜੇਲ੍ਹ ਵਿੱਚ ਤਬਦੀਲ ਕਰਵਾਇਆ ਗਿਆ ਸੀ। ਚੇਅਰਪਰਸਨ ਨੇ  ਕਿਹਾ ਕਿ ਉਨ੍ਹਾਂ ਨੂੰ ਪਤਾ ਲੱਗਾ ਏ ਕਿ ਇਹ ਬੱਚੀਆਂ ਅਨਜਾਣ ਸਨ ਤੇ ਕੇਵਲ ਨੌਕਰੀ ਤੇ ਤਨਖਾਹ ਦੇ ਲਾਲਚ 'ਚ ਆ ਕੇ ਫਸ ਗਈਆਂ ਜਾਪਦੀਆਂ ਸਨ ਪਰੰਤੂ ਇਨ੍ਹਾਂ ਦੀ ਮਦਦ ਲਈ ਕਮਿਸ਼ਨ ਆਪਣੀ ਭੂਮਿਕਾ ਨਿਭਾਏਗਾ।

---------------------------------------------------

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀਆਂ ਹਦਾਇਤਾਂ ਅਨੁਸਾਰ, ਜੇਲ੍ਹਾਂ ਵਿੱਚ ਕਾਨੂੰਨੀ ਸਹਾਇਤਾ ਪ੍ਰਦਾਨ ਕਰਨ ਦੀ ਵਿਧੀ ਨੂੰ ਮਜ਼ਬੂਤ ਕਰਨ ਹਿੱਤ  ਮੁਕਤਸਰ ਸਾਹਿਬ ਦੇ  ਜ਼ਿਲ੍ਹਾ ਅਤੇ ਸੈਸ਼ਨਜ਼

ਜੱਜ ਰਾਜ ਕੁਮਾਰ ਅਤੇ ਸਕੱਤਰ ਡਾ. ਗਗਨਦੀਪ ਕੌਰਨੇ ਅੱਜ ਜ਼ਿਲ੍ਹਾ ਜੇਲ੍ਹ ਦਾ ਦੌਰਾ ਕੀਤਾ।ਇਸ ਮੌਕੇ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਅਤੇ ਸਕੱਤਰ ਨੇ ਜੇਲ੍ਹ ਵਿਚ ਬੰਦ ਹਵਾਲਾਤੀ ਤੇ ਕੈਦੀਆਂ ਨਾਲ ਗੱਲਬਾਤ ਕੀਤੀ ਅਤੇ ਉਹਨਾ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਉਸਦਾ ਨਿਪਟਾਰਾ ਕੀਤਾ । ਜੇਲ੍ਹ ਵਿੱਚ ਲਗਾਏ ਗਏ  ਰਜਿਸਟਰ ਦੀ ਚੈਕਿੰਗ ਕੀਤੀ। ਉਹਨਾਂ ਨੂੰ ਬਣਦੀ ਕਾਨੂੰਨੀ ਸਹਾਇਤਾ ਮੁਹੱਈਆ ਕਰਵਾਈ ਗਈ। ਜੇਲ੍ਹ ਦੌਰਾਨ ਹਵਾਲਾਤੀਆਂ ਨੂੰ ਦਿੱਤੀ ਜਾਣ ਵਾਲੀ ਮੈਡੀਕਲ ਸਹੂਲਤ ਅਤੇ ਖਾਣੇ ਦਾ ਵੀ ਨਿਰੀਖਣ ਕੀਤਾ ਗਿਆ।

----------------------------------------------------------

ਓਧਰ ਬਰਨਾਲਾ ਦੇ ਜਿਲ੍ਹਾ ਅਤੇ ਸੈਸ਼ਨ ਜੱਜ BBS ਤੇਜੀ ਨੇ ਜਿਲ੍ਹਾ ਜੇਲ੍ਹ, ਬਰਨਾਲਾ ਦਾ ਦੌਰਾ ਕੀਤਾ ।ਓਨਾ ਜੇਲ੍ਹ ਬੰਦੀਆਂ ਨੂੰ ਆ ਰਹੀਆਂ ਮੁਸ਼ਕਿਲਾਂ ਦਾ ਜਾਇਜ਼ਾ ਲਿਆ ਅਤੇ ਹਰ ਸੰਭਵ ਮਦਦ ਕਰਨ ਦਾ ਭਰੋਸਾ ਦਵਾਇਆ। ਉਨ੍ਹਾਂ ਜੇਲ੍ਹ ਬੈਰਕਾਂ ਅਤੇ ਰਸੋਈ ਘਰ ਦੀ ਚੈਕਿੰਗ ਕੀਤੀ ਅਤੇ ਸਾਫ਼—ਸਫਾਈ ਦਾ ਜਾਇਜ਼ਾ ਲਿਆ ਗਿਆ। ਇਸ ਤੋਂ ਇਲਾਵਾ ਉਨ੍ਹਾਂ ਨੇ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਵੱਲੋਂ

ਕੈਦੀਆਂ/ਹਵਾਲਾਤੀਆਂ ਨੂੰ ਦਿੱਤੀ ਜਾਣ ਵਾਲੀ ਮੁਫਤ ਕਾਨੂੰਨੀ ਸਹਾਇਤਾ ਸਕੀਮ ਬਾਰੇ ਵੀ ਜਾਣਕਾਰੀ ਦਿੱਤੀ ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਬੂਟੇ ਲਾਉਣ ਦੀ ਮੁਹਿੰਮ, 'ਏਕ ਪੇੜ ਮਾਂ ਕੇ ਨਾਮ' ਤਹਿਤ ਦੇਸ਼ ਭਰ ਦੇ ਲੋਕਾਂ ਨੂੰ ਇਸ ਬਰਸਾਤ ਦੇ ਮੌਸਮ ਵਿਚ ਬੂਟੇ ਲਗਾਉਣ ਦਾ ਸਦਾ ਦਿੱਤਾ ਏ । ਸਮਾਜ ਸੇਵੀ ਸੰਸਥਾਵਾਂ, ਵਾਤਾਵਰਨ ਪ੍ਰੇਮੀ ਅਤੇ ਆਮ ਲੋਕ ਇਸ ਮੁਹਿੰਮ ਨੂੰ ਲੈ ਕੇ ਬੇਹੱਦ ਉਤਸ਼ਾਹਤ ਨੇ ਅਤੇ ਵੱਖ ਵੱਖ ਕਿਸਮ ਦੇ ਬੂਟੇ ਵੀ ਲਗਾ ਰਹੇ ਨੇ ।ਮੋਹਾਲੀ ਜ਼ਿਲੇ ਵਾਤਾਵਰਨ ਪ੍ਰੇਮੀ ਬ੍ਰਿਜ ਮੋਹਨ ਜੋਸ਼ੀ ਨੇ ਬੂਟੇ ਲਾਉਣ ਬਾਰੇ ਚੱਲ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿਦਿਆਂ ਦਸਿਆ

IBYTE:

---------------------------------------------------------

ਪੈਂਥਰ ਡਿਵੀਜ਼ਨ ਦੀ ਸਥਾਪਨਾ ਦੇ 6 ਦਹਾਕਿਆਂ ਨੂੰ ਦਰਸਾਉਂਦੇ ਹੋਏ ਡਾਇਮੰਡ ਜੁਬਲੀ ਦੀ ਸ਼ੁਰੂਆਤ ਵਜੋਂ ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ ।ਇਸ ਮੌਕੇ ਜਲੰਧਰ ਅਤੇ ਅੰਮ੍ਰਿਤਸਰ 'ਚ ਵੱਡੇ

ਪੱਧਰ 'ਤੇ ਖ਼ੂਨਦਾਨ ਮੁਹਿੰਮ ਚਲਾਈ ਗਈ । ਬੀਤੀ 30 ਸਤੰਬਰ ਨੂੰ ਫੌਜੀਆਂ ਲਈ ਇੱਕ ਰਵਾਇਤੀ 'ਬੜਾ ਖਾਨਾ' ਅਤੇ ਇੱਕ ਸੰਗੀਤਕ ਸ਼ਾਮ ਦਾ ਆਯੋਜਨ ਕੀਤਾ ਗਿਆ । ਪੈਂਥਰ ਡਿਵੀਜ਼ਨ ਦੇ ਜਨਰਲ ਆਫਿਸਰ ਕਮਾਂਡਿੰਗ , ਮੇਜਰ ਜਨਰਲ ਮੁਕੇਸ਼ ਸ਼ਰਮਾ, ਨੇ ਸੇਵਾ ਕਰ ਰਹੇ ਅਧਿਕਾਰੀਆਂ ਅਤੇ ਸਾਬਕਾ ਸੈਨਿਕਾਂ ਦੇ ਨਾਲ, ਅੰਮ੍ਰਿਤਸਰ ਛਾਉਣੀ ਵਿਖੇ ਜੰਗੀ ਯਾਦਗਾਰ ਦਾ ਨੀਂਹ ਪੱਥਰ ਰੱਖਿਆ, ਜਿਨ੍ਹਾਂ ਨੇ ਬਹਾਦਰਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਭਾਰਤੀ ਫੌਜ ਦੀ ਸੱਚੀ ਰਿਵਾਇਤ ਵਿੱਚ ਦੇਸ਼ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਅੰਮ੍ਰਿਤਸਰ ਤੋਂ ਰੋਹਤਾਂਗ ਪਾਸ ਅਤੇ ਪਿੱਛੇ ਵੱਲ ਇੱਕ ਮੋਟਰਸਾਈਕਲ ਮੁਹਿੰਮ ਨੂੰ ਜੀ.ਓ.ਸੀ, ਪੈਂਥਰ ਡਵੀਜ਼ਨ ਵੱਲੋਂ ਝੰਡੀ ਦੇ ਕੇ ਰਵਾਨਾ ਕੀਤਾ ਗਿਆ । ਪੈਂਥਰ ਡਿਵੀਜ਼ਨ ਦੀ ਸਥਾਪਨਾ ਮੇਜਰ ਜਨਰਲ ਨਿਰੰਜਨ ਪ੍ਰਸਾਦ ਦੁਆਰਾ ਪਹਿਲੀ ਅਕਤੂਬਰ 1964 ਨੂੰ ਕਲੇਮੈਂਟ ਟਾਊਨ (ਦੇਹਰਾਦੂਨ) ਵਿੱਚ ਕੀਤੀ ਗਈ ਸੀ, ਬਾਅਦ ਵਿੱਚ ਇਹ 31 ਮਾਰਚ 1965 ਨੂੰ ਪੂਰੀ ਤਰ੍ਹਾਂ ਸਰਗਰਮ ਹੋ ਗਈ ਅਤੇ 1 ਅਪ੍ਰੈਲ 1965 ਨੂੰ ਅਪ੍ਰੇਸ਼ਨ ਰਿਡਲ ਵਿੱਚ ਹਿੱਸਾ ਲੈਣ ਲਈ ਅੰਮ੍ਰਿਤਸਰ ਚਲੀ ਗਈ । ਆਪਣੇ ਸ਼ਾਨਦਾਰ ਫੌਜੀ ਇਤਿਹਾਸ ਵਿੱਚ, ਪੈਂਥਰ

ਡਿਵੀਜ਼ਨ ਬਹੁਤ ਸਾਰੇ ਆਪਰੇਸ਼ਨਾਂ ਵਿੱਚ ਸਭ ਤੋਂ ਅੱਗੇ ਰਹੀ ਏ ।ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਦੀ ਆਪਣੀ ਮੁੱਢਲੀ ਜ਼ਿੰਮੇਵਾਰੀ ਤੋਂ ਇਲਾਵਾ, ਪੈਂਥਰ ਡਿਵੀਜ਼ਨ ਨੇ ਮਾਨਵਤਾਵਾਦੀ ਸਹਾਇਤਾ ਅਤੇ ਆਫ਼ਤ ਰਾਹਤ, ਸਿੱਖਿਆ, ਸਿਹਤ ਸੰਭਾਲ, ਵਾਤਾਵਰਣ ਸੁਰੱਖਿਆ ਅਤੇ ਰਾਸ਼ਟਰੀ ਏਕਤਾ ਵਿੱਚ ਵੀ ਯੋਗਦਾਨ ਪਾਇਆ ਏ ।

---

ਪੰਜਾਬ ਐਨ.ਸੀ.ਸੀ ਗਰਲਜ਼ ਬਟਾਲੀਅਨ ਵੱਲੋਂ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ 10 ਰੋਜ਼ਾ, ਚੌਵੀ ਘੰਟੇ ਸਾਲਾਨਾ ਸਿਖਲਾਈ ਕੈਂਪ ਲਗਾਇਆ ਜਾ ਰਿਹਾ ਏ । ਇਸ ਵਿੱਚ 600 ਐਨ.ਸੀ.ਸੀ ਕੈਡਿਟ ਹਿੱਸਾ ਲੈ ਰਹੇ ਨੇ । ਕੈਂਪ ਕਮਾਂਡੈਂਟ ਕਰਨਲ MS ਸਚਦੇਵ ਨੇ ਦੱਸਿਆ ਕਿ ਐਨ.ਸੀ.ਸੀ ਡਾਇਰੈਕਟੋਰੇਟ ਦੇ 96 ਕੈਡਿਟ ਪੰਜਾਬ, ਹਰਿਆਣਾ, ਹਿਮਾਚਲ ਅਤੇ ਚੰਡੀਗੜ੍ਹ ਤੋਂ ਕੈਂਪ ਵਿੱਚ ਆਏ ਨੇ । ਇਸ ਕੈਂਪ ਵਿੱਚ ਜਲੰਧਰ ਗਰੁੱਪ ਦੀਆਂ 6 ਬਟਾਲੀਅਨਾਂ ਦੇ 250 ਕੈਡਿਟ ਹਿੱਸਾ ਲੈ ਰਹੇ ਨੇ । ਉਨ੍ਹਾਂ ਦੱਸਿਆ ਕਿ 2 ਪੰਜਾਬ ਗਰਲਜ਼ ਬਟਾਲੀਅਨ ਦੀਆਂ 200 ਕੈਡਿਟਾਂ ਵੀ ਕੈਂਪ ਦਾ ਹਿੱਸਾ ਨੇ । ਕਰਨਲ ਵਿਨੋਦ ਜੋਸ਼ੀ, ਕਮਾਂਡਿੰਗ

ਅਫਸਰ 2 ਪੰਜਾਬ ਐਨਸੀਸੀ ਨੇ ਕੈਡਿਟਾਂ ਲਈ SSB ਰਾਹੀਂ ਸ਼ਖਸੀਅਤ ਵਿਕਾਸ ਅਤੇ ਹਥਿਆਰਬੰਦ ਬਲਾਂ ਵਿੱਚ ਕਮਿਸ਼ਨਿੰਗ ਦੀ ਵਿਧੀ ਬਾਰੇ ਤਿੰਨ ਘੰਟੇ ਦਾ ਲੈਕਚਰ ਦਿੱਤਾ ।ਇਸ ਮੌਕੇ ਕੈਡਿਟਾਂ ਨੇ ਇਸ ਪ੍ਰੋਗਰਾਮ ਬਾਰੇ ਆਪਣੇ ਤਜ਼ਰਬੇ ਸਾਂਝੇ ਕੀਤੇ ।BYTE:

-----------------------------------------------------------

ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਲੋਕ ਵੱਖ ਵੱਖ ਗਤੀਵਿਧੀਆਂ ਕਰਕੇ ਆਪਣਾ ਬਣਦਾ ਯੋਗਦਾਨ ਪਾ ਰਹੇ ਨੇ ।ਮੁਹਿੰਮ ਨੂੰ ਲੈ ਕੇ ਵੱਖ-ਵੱਖ ਜ਼ਿਲ੍ਹਿਆਂ ਤੋਂ ਅਧਿਕਾਰੀਆਂ ਤੇ ਲੋਕਾਂ ਨੇ ਜਾਣਕਾਰੀ ਦਿਤੀ।

**BYTE:**

-----------------------------------------------------------

ਐੱਸ.ਬੀ.ਆਈ ਪੇਂਡੂ ਸਵੈ-ਰੁਜਗਾਰ ਸਿਖਲਾਈ ਸੰਸਥਾ ਵੱਲੋਂ ਬਠਿੰਡਾ ਜ਼ਿਲ੍ਹੇ ਦੇ ਪਿੰਡ ਬਾਲਿਆਂਵਾਲੀ ਵਿਖੇ ਚੱਲ ਰਹੇ ਡੇਅਰੀ ਫਾਰਮਿੰਗ ਦੇ ਸਿਖਲਾਈ ਪ੍ਰੋਗਰਾਮ ਵਿੱਚ “ਸੱਵਛਤਾ ਹੀ ਸੇਵਾ” ਮੁਹਿੰਮ ਅਧੀਨ ਰੈਲੀ ਕੱਢੀ ਗਈ । ਇਸ ਰੈਲੀ ’ਚ ਐੱਸ.ਬੀ.ਆਈ ਬੈਂਕ ਪ੍ਰਬੰਧਕ ਵਿਵੇਕ ਕੁਮਾਰ ਅਤੇ ਬਾਲਿਆਂਵਾਲੀ ਦੀ ਸਮੂਹ ਬ੍ਰਾਂਚ ਦੇ ਮੈਂਬਰਾਂ ਨੇ ਹਿੱਸਾ

ਲਿਆ। ਵਿਵੇਕ ਕੁਮਾਰ ਨੇ ਸਿਖਿਆਰਥੀਆਂ ਨੂੰ ਵਾਤਾਵਰਣ ਦੇ ਨਾਲ-ਨਾਲ ਆਲਾ-ਦੁਆਲਾ ਸਾਫ਼ ਰੱਖਣ ਲਈ ਕਿਹਾ। ਉਨ੍ਹਾਂ ਸਿਖਿਆਰਥੀਆਂ ਨੂੰ ਬੈਂਕ ਨਾਲ ਜੁੜਣ ਤੇ ਸਰਕਾਰ ਵੱਲੋਂ ਚਲਾਈਆਂ ਜਾ ਕਰਜਾ ਸਕੀਮਾਂ ਨਾਲ ਜੁੜਣ ਲਈ ਵੀ ਪ੍ਰੇਰਿਤ ਕੀਤਾ।ਸੱਵਛਤਾ ਹੀ ਸੇਵਾ ਮੁਹਿੰਮ'' ਅਧੀਨ ਪਿੰਡ ਬਾਲਿਆਂਵਾਲੀ ਦੇ ਸਰਕਾਰੀ ਪ੍ਰਇਮਰੀ ਸਮਾਰਟ ਸਕੂਲ ਵਿੱਚ ਵਾਤਾਵਰਣ ਦੀ ਸ਼ੁੱਧਤਾ ਦੇ ਮੱਦੇਨਜ਼ਰ ਬੂਟੇ ਵੀ ਲਗਾਏ ਗਏ। ਇਸ ਮੌਕੇ ਪ੍ਰਿੰਸੀਪਲ ਤਰਸੇਮ ਸਿੰਘ ਵੱਲੋਂ ਸਿਖਿਆਰਥੀਆਂ ਨੂੰ ਵੱਧ ਤੋਂ ਵੱਧ ਬੂਟੇ ਲਗਾਉਣ ਤੋਂ ਇਲਾਵਾ ਇਨ੍ਹਾਂ ਦੀ ਸਾਂਭ-ਸੰਭਾਲ ਰੱਖਣ ਲਈ ਜਾਣੂ ਕਰਵਾਇਆ ਗਿਆ।

---------------------------------------------------------------

ਸ੍ਰੀ ਮੁਕਤਸਰ ਸਾਹਿਬ ਦੇ ਰਾਜੇਸ਼ ਤ੍ਰਿਪਾਠੀ ਡਿਪਟੀ ਕਮਿਸ਼ਨਰ,ਨੇ ਝੋਨੇ ਦੀ ਪਰਾਲੀ ਦੀ ਸੁਚੱਜੀ ਸਾਂਭ ਸੰਭਾਲ ਲਈ ਅੱਜ ਜ਼ਿਲੇ ਜਾਗਰੂਕਤਾ ਵੈਨਾਂ ਨੂੰ ਝੰਡੀ ਦੇ ਕੇ ਰਵਾਨਾ ਕੀਤਾ।ਉਨ੍ਹਾਂ ਦਸਿਆ ਇਹ ਜਾਗਰੂਕਤਾ ਵੈਨਾਂ ਬਲਾਕ ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ ਅਤੇ ਲੰਬੀ ਦੇ ਸਾਰੇ ਪਿੰਡਾਂ ਵਿੱਚ ਪਹਿਲਾਂ ਤੋਂ ਤਿਆਰ ਕੀਤੇ ਗਏ ਪ੍ਰੋਗਰਾਮ ਅਨੁਸਾਰ

ਦੌਰਾ ਕਰਨਗੀਆਂ ਅਤੇ ਸਪੀਕਰ ਰਾਹੀਂ ਹਰੇਕ ਪਿੰਡ ਵਿੱਚ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਅਤੇ ਇਸ ਦੇ ਸੁਚੱਜੇ ਪ੍ਰਬੰਧਾਂ ਬਾਬਤ ਕਿਸਾਨਾਂ ਨੂੰ ਜਾਗਰੂਕ ਕਰਨਗੀਆਂ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਸਰਕਾਰ ਵੱਲੋ ਚਲਾਈ ਗਈ ਇਸ ਮੁਹਿੰਮ ਵਿੱਚ ਸ਼ਾਮਿਲ ਹੋ ਕੇ ਮਨੁੱਖੀ ਸਿਹਤ, ਭੂਮੀ ਸਿਹਤ ਨੂੰ ਬਰਕਰਾਰ ਰੱਖਣ ਅਤੇ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਆਪਣਾ ਵੱਡਮੁੱਲਾ ਯੋਗਦਾਨ ਪਾਉਣ ਦੀ ਅਪੀਲ ਕੀਤੀ। ਜਿਲ੍ਹੇ ਦੇ ਮੁੱਖ ਖੇਤੀਬਾੜੀ ਅਫਸਰ  ਗੁਰਨਾਮ ਸਿੰਘ ਨੇ ਵੀ ਕਿਸਾਨ ਨੂੰ ਅਪੀਲ ਕੀਤੀ ਕਿ ਉਹ ਆਪਣੇ ਮੋਬਾਇਲ ਫੋਨ ਵਿੱਚ ਉੱਨਤ ਕਿਸਾਨ ਐਪ ਡਾਊਨ ਲੋਡ ਕਰਕੇ ਆਪਣੇ-ਆਪਣੇ ਇਲਾਕੇ ਵਿੱਚ ਉਪਲੱਬਧ ਖੇਤੀ ਮਸ਼ੀਨਰੀ ਦੀ ਖੇਤਾਂ ਵਿੱਚ ਵੱਧ ਤੋ ਵੱਧ ਵਰਤੋਂ ਕਰਦੇ ਹੋਏ ਝੋਨੇ ਦੀ ਪਰਾਲੀ ਨੂੰ ਗੱਠਾਂ ਬਣਾ ਕੇ ਕਣਕ ਦੀ ਬਿਜਾਈ ਕਰਨ ਅਤੇ ਪਰਾਲੀ ਨੂੰ ਅੱਗ  ਨਾ ਲਗਾਉਣ।

---------------------------------------------------------------

ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਕਿਹਾ ਏ ਕਿ ਬਜ਼ੁਰਗ ਸਾਡੇ ਸਮਾਜ ਦਾ ਸਰਮਾਇਆ ਹੁੰਦੇ ਨੇ , ਜਿਨ੍ਹਾਂ ਦੀ ਦੇਖ-ਭਾਲ

ਕਰਨਾ ਸਾਡਾ ਸਾਰਿਆਂ ਦੀ ਨਿੱਜੀ ਫਰਜ਼ ਬਣਦਾ ਏ। ਉਹ ਅੱਜ ਅੰਤਰ ਰਾਸ਼ਟਰੀ ਸੀਨੀਅਰ ਸਿਟੀਜਨ ਦਿਵਸ'' ਮੌਕੇ ਸਿਵਲ ਹਸਪਤਾਲ ਵਿਖੇ ਲਗਾਏ ਗਏ ਕੈਂਪ ਦੌਰਾਨ ਸੀਨੀਅਰ ਸਿਟੀਜਨਾਂ ਨੂੰ ਟਰਾਈ ਸਾਈਕਲ, ਕੰਨਾਂ ਵਾਲੀਆਂ ਮਸ਼ੀਨਾਂ ਉਪਕਰਨਾਂ ਦੀ ਵੰਡ ਕਰਨ ਮੌਕੇ ਬੋਲ ਰਹੇ ਸਨ। ਡਿਪਟੀ ਕਮਿਸ਼ਨਰ ਨੇ ਸਾਰਿਆਂ ਦਾ ਹਾਲ-ਚਾਲ ਜਾਣਿਆ। ਉਨ੍ਹਾਂ ਬਜ਼ੁਰਗਾਂ ਨੂੰ ਭਰੋਸਾ ਦਿਵਾਉਂਦਿਆਂ ਕਿਹਾ ਕਿ ਜੇਕਰ ਉਨ੍ਹਾਂ ਨੂੰ ਕਿਸੇ ਵੀ ਕਿਸਮ ਦੀ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਲੋੜ ਏ ਤਾਂ ਉਹ ਦਫਤਰ ਆ ਕੇ ਉਨ੍ਹਾਂ ਨੂੰ ਮਿਲ ਸਕਦੇ ਨੇ , ਜਿਨ੍ਹਾਂ ਨੂੰ ਹਰ ਸੰਭਵ ਮੱਦਦ ਮੁਹੱਈਆ ਕਰਵਾਈ ਜਾਵੇਗੀ।

---------------------------------------------------------------

ਮੁਹਾਲੀ ਦੀ ਰਿਆਤ ਬਾਹਰਾ ਯੂਨੀਵਰਸਿਟੀ ਸਕੂਲ ਆਫ ਅਲਾਈਡ ਹੈਲਥ ਸਾਇੰਸਿਜ਼ ਦੇ ਕਾਰਡੀਓ-ਵੈਸ-ਕੁਲਰ ਟੈਕਨਾਲੋਜੀ ਵਿਭਾਗ ਨੇ ਵਿੱਚ ਇੱਕ ਰੋਜ਼ਾ ਵਿਸ਼ਵ ਦਿਲ ਦਿਵਸ ਬਾਰੇ ਪ੍ਰੋਗਰਾਮ ਕਰਵਾਇਆ। ਸੈਂਟਰਲ ਕੌਂਸਲ ਆਫ ਰਿਸਰਚ ਇਨ ਯੋਗਾ ਐਂਡ ਨੈਚਰੋਪੈਥੀ ਸ਼ਾਖਾ PGIMER ਚੰਡੀਗੜ੍ਹ ਦੇ ਸਹਿਯੋਗ ਨਾਲ ਦਿਲ ਦੀਆਂ ਬਿਮਾਰੀਆਂ ਬਾਰੇ

ਜਾਗਰੂਕਤਾ ਪੈਦਾ ਕਰਨ ਲਈ ਵੱਖ-ਵੱਖ ਗਤੀਵਿਧੀਆਂ ਅਤੇ ਜਾਗਰੂਕਤਾ ਸਮਾਗਮਾਂ ਦਾ ਆਯੋਜਨ ਕਰਕੇ ਇਹ ਦਿਵਸ ਮਨਾਇਆ ਗਿਆ । ਅਲਾਈਡ ਹੈਲਥ ਸਾਇੰਸਿਜ਼ ਦੇ ਡੀਨ, ਡਾ: ਪੰਕਜ ਕੌਲ ਅਨੁਸਾਰ ਇਸ ਮੌਕੇ ਵਿਦਿਆਰਥੀਆਂ ਅਤੇ ਸਟਾਫ ਨੂੰ ਦਿਲ ਦੀਆਂ ਬਿਮਾਰੀਆਂ ਦੇ ਲੱਛਣਾਂ ਅਤੇ ਹੋਰ ਉਲਝਣਾਂ ਤੋਂ ਬਚਣ ਲਈ ਜਾਗਰੂਕ ਕੀਤਾ ਗਿਆ । ਵਿਦਿਆਰਥੀਆਂ ਲਈ ਵੱਖ-ਵੱਖ ਗਤੀਵਿਧੀਆਂ ਦਾ ਪ੍ਰਬੰਧ ਵੀ ਕੀਤਾ ਗਿਆ । ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਅਤੇ ਵਾਈਸ-ਚਾਂਸਲਰ ਡਾ: ਪਰਵਿੰਦਰ ਸਿੰਘ ਨੇ ਵਿਦਿਆਰਥੀਆਂ ਲਈ ਲਾਹੇਵੰਦ ਸਮਾਗਮਾਂ ਦੇ ਆਯੋਜਨ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ ।

---------------------------------------------------

- ਹਰਿਆਣਾ ਵਿਚ ਚੋਣ ਪ੍ਰਚਾਰ ਸਿਖਰਾਂ 'ਤੇ -ਪ੍ਰਧਾਨ ਮੰਤਰੀ ਅਤੇ BJP ਦੇ ਸੀਨੀਅਰ ਨੇਤਾ ਨਰੇਂਦਰ ਮੋਦੀ ਨੇ ਅੱਜ ਪਲਵਲ ਵਿਖੇ ਚੋਣ ਰੈਲੀ ਨੂੰ ਸੰਬੋਧਨ ਕੀਤਾ ।

- ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਵੱਲੋਂ ਨਾਭਾ ਦੀ ਨਵੀਂ ਜ਼ਿਲ੍ਹਾ ਜੇਲ੍ਹ ਦਾ ਦੌਰਾ।
- ਪੈਂਥਰ ਡਿਵੀਜ਼ਨ ਦੀ ਸਥਾਪਨਾ ਦੇ 6 ਦਹਾਕਿਆਂ ਨੂੰ ਦਰਸਾਉਂਦੇ ਹੋਏ  ਵੱਖ-ਵੱਖ ਗਤੀਵਿਧੀਆਂ ਦਾ ਆਯੋਜਨ।
- ਪੰਜਾਬ ਭਰ ਵਿਚ ਸੱਵਛਤਾ ਹੀ ਸੇਵਾ ਮੁਹਿੰਮ ਸਰਗਰਮੀ ਨਾਲ ਜਾਰੀ।